ਪੰਜਾਬ ਵਿਧਾਨ ਸਭਾ ਸਕੱਤਰੇਤ

ਮੰਗਲਵਾਰ, ਮਿਤੀ 02 ਮਾਰਚ, 2021 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ
ਬੈਠਕ ਵਿਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।

ਪਿੰਡ ਤਿਉਣਾਂ ਤੋਂ ਬਾਹੋ ਸਿਵਿਆਂ ਤੱਕ ਲਿੰਕ ਰੋਡ ਦੀ ਰੀਕਾਰਪੈਟਿੰਗ ਕਰਨਾ

*2976. ਸ਼੍ਰੀਮਤੀ ਰੁਪਿੰਦਰ ਕੌਰ ਰੂਬੀ, ਐਮ.ਐਲ.ਏ.:- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਬਠਿੰਡਾ ਦਿਹਾਤੀ ਦੇ ਪਿੰਡ ਤਿਉਣਾ ਤੋਂ ਪਿੰਡ ਬਾਹੋ ਸਿਵਿਆਂ, ਪਿੰਡ ਜੈ ਸਿੰਘ ਵਾਲਾ ਤੋਂ ਪਿੰਡ ਸੰਗਤ, ਪਿੰਡ ਤਿਉਣਾ ਮੀਆਂ ਤੋਂ ਪਿੰਡ ਨਰੂਆਣਾ, ਪਿੰਡ ਬੱਲੂਆਣਾ ਤੋਂ ਪਿੰਡ ਬੁਰਜ ਮਹਿਮਾ, ਪਿੰਡ ਚੁੱਘੇ ਕਲਾਂ ਤੋਂ ਪਿੰਡ ਚੁੱਘੇ ਖੁਰਦ ਅਤੇ ਪਿੰਡ ਝੁੰਬਾ ਤੋਂ ਪਿੰਡ ਬਾਹੋ ਯਾਤਰੀ ਤੱਕ ਲਿੰਕ ਸੜਕਾਂ ਦੀ ਹਾਲਤ ਬਹੁਤ ਖਸਤਾ ਹੋ ਚੁੱਕੀ ਹੈ; ਜੇਕਰ ਅਜਿਹਾ ਹੋਵੇ ਤਾਂ ਇਹਨਾਂ ਸੜਕਾਂ ਦੀ ਰੀਕਾਰਪੈਟਿੰਗ ਕਦੋਂ ਤੱਕ ਕਰਵਾ ਦਿੱਤੀ ਜਾਵੇਗੀ?

ਵਾਰਡ ਟਿੱਬਾ ਬਸਤੀ ਅਤੇ ਮੁਕੰਦ ਬਸਤੀ ਦੇ ਸੀਵਰੇਜ ਦੇ ਪਾਣੀ ਦੀ ਨਿਕਾਸੀ

*2997. ਸ਼੍ਰੀ ਬੁੱਧ ਰਾਮ, ਐਮ.ਐਲ.ਏ.:- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਬਰੇਟਾ (ਸਬ ਡਵੀਜ਼ਨ ਬੁਢਲਾਡਾ) ਅਧੀਨ ਵਾਰਡ ਟਿੱਬਾ ਬਸਤੀ ਅਤੇ ਮੁਕੰਦ ਬਸਤੀ ਵਿੱਚ ਸੀਵਰੇਜ਼ ਦੇ ਪਾਣੀ ਦੀ ਨਿਕਾਸੀ ਦਾ ਮਾੜਾ ਹਾਲ ਹੈ ਅਤੇ ਪਾਣੀ ਹਰ ਸਮੇਂ ਖੜਾ ਰਹਿਣ ਕਰਕੇ ਲੋਕਾਂ ਨੂੰ ਆਪਣੇ ਘਰਾਂ ਤੱਕ ਪਹੁੰਚਣ ਵਿਚ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ;

ਅ) ਜੇਕਰ ਉਪਰੋਕਤ ਭਾਗ 'ੳ' ਦਾ ਉਤਰ ਹਾਂ ਵਿੱਚ ਹੋਵੇ ਤਾਂ ਇਨ੍ਹਾਂ ਬਸਤੀਆਂ ਦੇ ਗੰਦੇ ਪਾਣੀ ਦੀ ਨਿਕਾਸੀ ਕਦੋਂ ਤੱਕ ਕਰ ਦਿੱਤੀ ਜਾਵੇਗੀ?

ਕਪੂਰਥਲਾ ਵਿਖੇ ਡਾਕਟਰੀ ਸਿੱਖਿਆ ਲਈ ਕਾਲਜ ਸਥਾਪਤ ਕਰਨਾ

*3152. ਰਾਣਾ ਗੁਰਜੀਤ ਸਿੰਘ,ਐਮ.ਐਲ.ਏ.:- ਕੀ ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਕਪੂਰਥਲਾ ਵਿੱਖੇ ਡਾਕਟਰੀ ਸਿੱਖਿਆ ਲਈ ਇਕ ਕਾਲਜ ਸਥਾਪਤ ਕਰਨ ਦਾ ਫੈਸਲਾ ਕੀਤਾ ਗਿਆ ਸੀ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੈ ਤਾਂ ਉਪਰੋਕਤ ਕਾਲਜ ਦੀ ਸਥਿਤੀ ਕੀ ਹੈ ਅਤੇ ਇਸ ਵਿੱਚ ਅਕੈਡਮਿਕ ਕਲਾਸਾਂ ਕਦੋਂ ਤੱਕ ਸ਼ੁਰੂ ਕੀਤੇ ਜਾਣ ਦੀ ਸੰਭਾਵਨਾ ਹੈ?

ਐਸ.ਸੀ. ਪਰਿਵਾਰਾਂ ਨੂੰ ਸਰਕਾਰ ਤੋਂ ਲਾਭ ਪ੍ਰਾਪਤ ਕਰਨ ਲਈ ਆਮਦਨੀ ਸੀਮਾ ਵਧਾਉਣਾ

*3172. ਡਾਕਟਰ ਰਾਜ ਕੁਮਾਰ ਚੱਬੇਵਾਲ,ਐਮ.ਐਲ.ਏ.:- ਕੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਅਨੁਸੂਚਿਤ ਜਾਤੀ ਦੇ ਪਰਿਵਾਰਾਂ ਲਈ ਸਰਕਾਰ ਤੋਂ ਲਾਭ ਪ੍ਰਾਪਤ ਕਰਨ ਲਈ ਅਨੁਸੂਚਿਤ ਜਾਤੀ ਦੇ ਪਰਿਵਾਰਾਂ ਦੀ ਆਮਦਨੀ ਦੀ ਸੀਮਾ ਵਧਾਉਣ ਬਾਰੇ ਵਿਚਾਰ ਕਰੇਗੀ?

ਬੱਲੂਆਣਾ ਵਿਖੇ ਨਵਾਂ ਡਿਗਰੀ ਕਾਲਜ ਖੋਲ੍ਹਣਾ

*3143. ਸ਼੍ਰੀ ਨੱਥੂ ਰਾਮ, ਐਮ.ਐਲ.ਏ:-ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਸਰਕਾਰ 2019-20 ਦੇ ਬਜਟ ਸੈਸ਼ਨ ਦੌਰਾਨ ਐਲਾਨ ਕੀਤੇ ਅਨੁਸਾਰ ਬੱਲੂਆਣਾ (ਫਾਜ਼ਿਲਕਾ) ਵਿਖੇ ਨਵਾਂ ਡਿਗਰੀ ਕਾਲਜ ਖੋਲ੍ਹਣ ਦੀ ਕੋਈ ਤਜਵੀਜ਼ ਰੱਖਦੀ ਹੈ ਅਤੇ ਇਸ ਮੰਤਵ ਲਈ ਸ਼ਾਮਲਾਤ ਜ਼ਮੀਨ ਵੀ ਉਪਲਬਧ ਹੈ;

ਅ) ਕੀ ਸਰਕਾਰ ਨੇੜਲੇ ਭਵਿੱਖ ਵਿੱਚ ਇਸ ਕਾਲਜ ਵਾਸਤੇ ਫੰਡ ਜਾਰੀ ਕਰੇਗੀ; ਜੇਕਰ ਹਾਂ ਤਾਂ ਇਸ ਦੇ ਵੇਰਵੇ ਕੀ ਹਨ?

ਬੜਿੰਗ ਅਤੇ ਧੰਨੋਵਾਲੀ ਖੇਡ ਸਟੇਡੀਅਮਾਂ ਦਾ ਕੰਮ ਪੂਰਾ ਕਰਨਾ

*3030. ਸ਼੍ਰੀ ਰਜਿੰਦਰ ਬੇਰੀ, ਐਮ.ਐਲ.ਏ. :- ਕੀ ਖੇਡ ਮੰਤਰੀ ਕਿਰਪਾ ਕਰਕੇ ਦੱਸਣ ਦੀ ਖੇਚਲ ਕਰਨਗੇ ਕਿ:-

ੳ) ਕੀ ਇਹ ਠੀਕ ਹੈ ਕਿ ਵਿਧਾਨ ਸਭਾ ਹਲਕੇ ਜਲੰਧਰ ਕੇਂਦਰੀ ਵਿੱਚ ਬੜਿੰਗ ਅਤੇ ਧੰਨੋਵਾਲੀ ਖੇਡ ਸਟੇਡੀਅਮਾਂ ਦਾ ਕੰਮ ਅੱਧ ਵਿਚਕਾਰ ਰੁੱਕਿਆ ਪਿਆ ਹੈ; ਜੇਕਰ ਅਜਿਹਾ ਹੋਵੇ ਤਾਂ ਇਨ੍ਹਾਂ ਨੂੰ ਕਦੋਂ ਤੱਕ ਪੂਰਾ ਕਰਨ ਦੀ ਤਜਵੀਜ਼ ਹੈ;

ਅ) ਇਨ੍ਹਾਂ ਕੰਮਾਂ ਵਿੱਚ ਦੇਰੀ ਲਈ ਜ਼ਿੰਮੇਵਾਰ ਅਧਿਕਾਰੀਆਂ ਅਤੇ ਵਿਅਕਤੀਆਂ ਉਤੇ ਕੀ ਕਾਰਵਾਈ ਕੀਤੀ ਜਾ ਰਹੀ ਹੈ?

ਫਿਰੋਜ਼ਸ਼ਾਹ ਮੈਮੋਰੀਅਲ ਦੀ ਸਾਂਭ ਸੰਭਾਲ

*3038. ਸਰਦਾਰ ਅਵਤਾਰ ਸਿੰਘ ਜੂਨੀਅਰ, ਐਮ.ਐਲ.ਏ.:- ਕੀ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਸਾਲ 2018-19 ਅਤੇ 2019-20 ਦੇ ਦੌਰਾਨ ਮੁਦਕੀ ਐਂਗਲੋਂ ਸਿੱਖ ਵਾਰ 1845 ਦੀ ਯਾਦ ਵਿੱਚ ਫਿਰੋਜ਼ਪੁਰ ਵਿਖੇ ਉਸਾਰੇ ਗਏ ਫਿਰੋਜ਼ਸ਼ਾਹ ਮੈਮੋਰੀਅਲ ਦੀ ਸਾਂਭ ਸੰਭਾਲ ਅਤੇ ਰੱਖ ਰੱਖਾਵ ਲਈ ਸਰਕਾਰ ਦੁਆਰਾ ਵੱਖ ਵੱਖ ਕੁੱਲ ਕਿੰਨੀ ਰਾਸ਼ੀ ਖਰਚ ਕੀਤੀ ਗਈ;

ਅ) ਰਾਜ ਵਿੱਚ ਉਪਰੋਕਤ ਵਰਣਿਤ ਲੜਾਈ ਦੇ ਦੌਰਾਨ ਐਂਗਲੋ ਸਿੱਖਾਂ ਦੁਆਰਾ ਲੜੀਆਂ ਗਈਆਂ ਚਾਰ ਲੜਾਈਆਂ ਦੇ ਇਤਿਹਾਸ ਤੋਂ ਆਮ ਲੋਕਾਂ ਨੂੰ ਜਾਣੂੰ ਕਰਵਾਉਣ ਅਤੇ ਉਤਸ਼ਾਹਿਤ ਕਰਨ ਲਈ ਸਰਕਾਰ ਦੁਆਰਾ ਕੀ ਕਦਮ ਚੁੱਕੇ ਗਏ/ਚੁੱਕੇ ਜਾ ਰਹੇ ਹਨ?

ਦੋਰਾਹਾ ਮੰਡੀ (ਲੁਧਿਆਣਾ) ਵਿਖੇ ਨਵਾਂ ਬੱਸ ਅੱਡਾ ਉਸਾਰਨਾ

*3079. ਸਰਦਾਰ ਲਖਵੀਰ ਸਿੰਘ, ਐਮ.ਐਲ.ਏ.:- ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਦੋਰਾਹਾ ਮੰਡੀ (ਲੁਧਿਆਣਾ) ਵਿਖੇ ਨਵਾਂ ਬੱਸ ਅੱਡਾ ਉਸਾਰਨ ਲਈ ਵਿਚਾਰ ਕਰੇਗੀ, ਜਿਥੇ ਕਿ ਇਸ ਦੇ ਲਈ ਜ਼ਮੀਨ ਉਪਲਬਧ ਹੈ; ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ?

ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਨੂੰ ਪੰਜਾਬ ਰਾਜ ਸਹਿਕਾਰੀ ਬੈਂਕ ਵਿਚ ਮਿਲਾਉਣਾ

*2919. ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਐਮ.ਐਲ.ਏ.:- ਕੀ ਸਹਿਕਾਰਤਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸੂਬਾ ਸਰਕਾਰ ਨੇ ਰਾਜ ਦੇ ਜਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਨੂੰ ਪੰਜਾਬ ਰਾਜ ਸਹਿਕਾਰੀ ਬੈਂਕ ਵਿੱਚ ਮਿਲਾਉਣ ਦਾ ਫੈਸਲਾ ਕੀਤਾ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਕੀ ਕਾਰਨ ਹਨ ਅਤੇ ਕੀ ਸਰਕਾਰ ਇਸ ਫੈਸਲੇ ਤੇ ਮੁੜ ਵਿਚਾਰ ਕਰਨ ਦੀ ਕੋਈ ਤਜਵੀਜ਼ ਰੱਖਦੀ ਹੈ?

ਸਾਈਫਨ ਚੌੜਾ ਕਰਨਾ

*3060. ਸ਼੍ਰੀ ਮਦਨ ਲਾਲ ਜਲਾਲਪੁਰ, ਐਮ.ਐਲ.ਏ. :- ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਘਨੌਰ ਦੇ ਪਿੰਡਾਂ ਨੂੰ ਹੜ੍ਹਾਂ ਤੋਂ ਬਚਾਉਣ ਲਈ ਪਿੰਡ ਲਾਛੜੂ ਨੇੜੇ ਸਾਈਫਨ ਚੌੜਾ ਕਰਨ ਲਈ ਕੋਈ ਤਜਵੀਜ਼ ਹੈ?

ਪਰਤੋ ਜੀ.....

**ਹਲਕਾ ਨਵਾਂ ਸ਼ਹਿਰ ਵਿਖੇ ਪਟਵਾਰੀਆਂ ਦੀਆਂ ਅਸਾਮੀਆਂ ਭਰਨਾ**

***3063. ਸ਼੍ਰੀ ਅੰਗਦ ਸਿੰਘ, ਐਮ.ਐਲ.ਏ.** :- ਕੀ ਮਾਲ ਅਤੇ ਪੁਨਰਵਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਤਹਿਸੀਲ ਨਵਾਂ ਸ਼ਹਿਰ ਵਿੱਚ ਕੁਲ 82 ਪਟਵਾਰੀਆਂ ਦੀਆਂ ਸੀਟਾਂ ਹਨ ਜਦੋਂ ਕਿ ਇਸ ਵੇਲੇ ਕੇਵਲ 14 ਪਟਵਾਰੀ ਹੀ ਕੰਮ ਕਰ ਰਹੇ ਹਨ, ਜਿਸ ਨਾਲ ਸਬੰਧਿਤ ਵਿਭਾਗ ਵਿੱਚ ਕੰਮ ਕਰਵਾਉਣ ਆਏ ਲੋਕਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਕੀ ਕਾਰਨ ਹੈ;

ਅ) ਕੀ ਸਰਕਾਰ ਪਟਵਾਰੀਆਂ ਦੀ ਨਵੀਂ ਭਰਤੀ ਕਰਕੇ ਇਸ ਸਮੱਸਿਆ ਦਾ ਹੱਲ ਕਰੇਗੀ?

**ਲੁਧਿਆਣਾ ਵਿਖੇ ਕੋਵਿਡ-19 ਦੇ ਪਾਜ਼ੇਟਿਵ ਕੇਸਾਂ ਦੀ ਗਿਣਤੀ**

***3032. ਸ਼੍ਰੀ ਰਾਕੇਸ਼ ਪਾਂਡੇ, ਐਮ.ਐਲ.ਏ.**:- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਲੁਧਿਆਣਾ ਸ਼ਹਿਰ ਵਿੱਚ ਅੱਜ ਤੱਕ ਕੋਵਿਡ-19 ਦੇ ਕੁੱਲ ਕਿੰਨੇ ਪਾਜ਼ੇਟਿਵ ਕੇਸ ਹਨ ਅਤੇ ਇਸ ਦੇ ਕਾਰਨ ਲੁਧਿਆਣਾ ਸ਼ਹਿਰ ਵਿੱਚ ਕੁੱਲ ਕਿੰਨੀਆਂ ਮੌਤਾਂ ਹੋਈਆਂ ਹਨ;

ਅ) ਉਪਰੋਕਤ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਸਰਕਾਰ ਦੁਆਰਾ ਕੀ ਕਦਮ ਚੁੱਕੇ ਜਾਣੇ/ਚੁੱਕੇ ਜਾ ਰਹੇ ਹਨ?

**ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਕੂਲਾਂ ਵਿੱਚ ਦਾਖਲ ਹੋਏ ਵਿਦਿਆਰਥੀਆਂ ਦਾ ਵੇਰਵਾ**

***2963. ਡਾ. ਸੁਖਵਿੰਦਰ ਕੁਮਾਰ, ਐਮ.ਐਲ.ਏ.**:- ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵੱਖ ਵੱਖ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਅਕਾਦਮਿਕ ਸਾਲ 2019-20 ਅਤੇ 2020-21 ਲਈ ਪਹਿਲੀ, ਛੇਵੀਂ ਅਤੇ ਗਿਆਰਵੀਂ ਜਮਾਤਾਂ ਵਿੱਚ ਕੁੱਲ ਕਿੰਨੇ ਕਿੰਨੇ ਵਿਦਿਆਰਥੀ ਦਾਖਲ ਹੋਏ, ਵੇਰਵੇ ਸਹਿਤ ਦੱਸਿਆ ਜਾਵੇ?

**ਮਾਰਚ 2017 ਤੋਂ ਬਾਅਦ P.S.I.D.C. ਦੇ ਪ੍ਰਾਜੈਕਟਾਂ ਤੇ ਕੀਤੇ ਕੰਮਾਂ ਦੇ ਵੇਰਵੇ**

***3039. ਸ਼੍ਰੀ ਐਨ.ਕੇ.ਸ਼ਰਮਾ, ਐਮ.ਐਲ.ਏ.**:- ਕੀ ਉਦਯੋਗ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਮਾਰਚ, 2017 ਤੋਂ ਬਾਅਦ Punjab State Industrial Development Corporation Limited ਵੱਲੋਂ ਕਿਹੜੇ-2 ਪ੍ਰਾਜੈਕਟਾਂ ਤੇ ਕੰਮ ਕੀਤੇ ਗਏ ਤੇ ਇਨ੍ਹਾਂ ਤੇ ਕੁੱਲ ਕਿੰਨੀ ਰਕਮ ਖਰਚ ਹੋਈ ਹੈ;

ਅ) ਰਾਜ ਦੇ ਫੋਕਲ ਪੁਆਇੰਟਾਂ ਦੀ ਸੇਲ, ਡਿਵੈਲਪਮੈਂਟ ਅਤੇ ਕੰਸਲਟੈਂਸੀ ਤੇ ਕੁੱਲ ਕਿੰਨਾਂ ਖਰਚਾ ਕੀਤਾ ਗਿਆ ਅਤੇ ਫ਼ੋਕਲ ਪੁਆਇੰਟਾਂ ਦੀ ਸੇਲ ਤੋਂ ਕਿੰਨੀ ਆਮਦਨ ਪ੍ਰਾਪਤ ਹੋਈ, ਵੇਰਵੇ ਸਹਿਤ ਦੱਸਿਆ ਜਾਵੇ?

**N.F.S.A. 2013 ਐਕਟ ਤਹਿਤ ਨੀਲੇ ਕਾਰਡ ਬਣਾਉਣਾ**

***3049. ਸ਼੍ਰੀ ਪਵਨ ਕੁਮਾਰ ਟੀਨੂੰ, ਐਮ.ਐਲ.ਏ.** :- ਕੀ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਸਰਕਾਰ ਵੱਲੋਂ The National Food Security Act (NFSA), 2013 ਤਹਿਤ ਨੀਲੇ ਕਾਰਡ ਬਣਾਉਣ ਲਈ ਕੀ ਕੀ ਸ਼ਰਤਾਂ ਰੱਖੀਆਂ ਗਈਆਂ ਹਨ ਅਤੇ ਇਨ੍ਹਾਂ ਸ਼ਰਤਾਂ ਨੂੰ ਪੂਰੀਆਂ ਕਰਨ ਵਾਲੇ ਪ੍ਰਾਰਥੀ ਰਾਜ ਦੇ ਕਿਸ ਦਫਤਰ ਵਿੱਚ ਜਾ ਕੇ ਆਪਣਾ ਨੀਲਾ ਕਾਰਡ ਬਣਾ ਸਕਦੇ ਹਨ ?

**ਬਲਾਕ ਗੜ੍ਹਸ਼ੰਕਰ ਅਤੇ ਮਾਹਿਲਪੁਰ ਵਿਖੇ ਪੰਚਇਤ ਸਕੱਤਰਾਂ ਦੀਆਂ ਮਨਜ਼ੂਰਸ਼ੁਦਾ ਅਸਾਮੀਆਂ**

***2979. ਸਰਦਾਰ ਜੈ ਕ੍ਰਿਸ਼ਨ ਸਿੰਘ ਰੋੜੀ , ਐਮ.ਐਲ.ਏ.**:- ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਬਲਾਕ ਗੜ੍ਹਸ਼ੰਕਰ ਅਤੇ ਮਾਹਿਲਪੁਰ ਵਿੱਚ ਕਿੰਨੇ ਪੰਚਇਤ ਸਕੱਤਰਾਂ ਦੀਆਂ ਅਸਾਮੀਆਂ ਮਨਜ਼ੂਰਸ਼ੁਦਾ ਹਨ ਅਤੇ ਕਿੰਨੀਆਂ ਅਸਾਮੀਆਂ ਤੇ ਨਿਯੁਕਤੀਆਂ ਹੋ ਚੁੱਕੀਆਂ ਹਨ?

**ਹਲਕਾ ਸ਼ੁਤਰਾਣਾ ਵਿਖੇ ਆਈ.ਟੀ.ਆਈ. ਬਣਾਉਣਾ**

***3119. ਸਰਦਾਰ ਨਿਰਮਲ ਸਿੰਘ, ਐਮ.ਐਲ.ਏ**:-ਕੀ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਹਲਕਾ ਸ਼ੁਤਰਾਣਾ ਵਿਖੇ ਆਈ.ਟੀ.ਆਈ. ਬਣਾਉਣ ਤੇ ਵਿਚਾਰ ਕਰੇਗੀ ਅਤੇ ਕੀ ਇਸ ਵਾਸਤੇ ਚਾਲੂ ਵਿੱਤੀ ਸਾਲ ਦੌਰਾਨ ਉਪਬੰਧ ਕੀਤਾ ਜਾਵੇਗਾ?

**ਸਿਵਲ ਹਸਪਤਾਲ ਨਵਾਂ ਸ਼ਹਿਰ ਵਿਖੇ ਐਮ.ਡੀ. ਮਨੋਰੋਗ ਦੀ ਦੇਖਰੇਖ ਵਿਚ ਕੇਂਦਰ ਖੋਲ੍ਹਣਾ**

***3065. ਸ਼੍ਰੀ ਅੰਗਦ ਸਿੰਘ, ਐਮ.ਐਲ.ਏ.** :- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਕਰੋਨਾ ਮਹਾਂਮਾਰੀ ਅਤੇ ਕੇਂਦਰ ਸਰਕਾਰ ਵਲੋਂ ਕਿਸਾਨਾਂ ਦੇ ਖੇਤੀਬਾੜੀ ਦੇ ਬਿੱਲ ਲਿਆਉਣ ਕਰਕੇ ਕਿਸਾਨਾਂ, ਮਜਦੂਰਾਂ ਅਤੇ ਦੂਜੇ ਵਪਾਰੀਆਂ ਦੀ ਹਾਲਤ ਖਰਾਬ ਹੋਣ ਕਰਕੇ ਉਹਨਾਂ ਵਿਚ ਡਿਪਰੈਸ਼ਨ ਦੀ ਬੀਮਾਰੀ ਵੱਧ ਰਹੀ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਇਸ ਦੀ ਰੋਕਥਾਮ ਲਈ ਸਰਕਾਰੀ ਸਿਵਲ ਹਸਪਤਾਲ ਨਵਾਂ ਸ਼ਹਿਰ (ਸ.ਭ.ਸ. ਨਗਰ) ਵਿਖੇ ਐਮ.ਡੀ. ਮਨੋਰੋਗ ਦੀ ਦੇਖ ਰੇਖ ਵਿੱਚ ਕੇਂਦਰ ਖੋਲ੍ਹਣ ਦੀ ਤਜਵੀਜ਼ ਰੱਖਦੀ ਹੈ?

**N.G.O ਨੂੰ ਟੋਲ ਟੈਕਸ ਤੋਂ ਛੋਟ ਦੇਣਾ**

***2988. ਸਰਦਾਰ ਕੁਲਵੰਤ ਸਿੰਘ ਪੰਡੋਰੀ, ਐਮ.ਐਲ.ਏ.**:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਪੰਜਾਬ ਅੰਦਰ ਕੁਦਰਤੀ ਆਫਤਾਂ ਜਾਂ ਅਣਸੁਖਾਵੀਆਂ ਘਟਨਾਵਾਂ ਵਾਪਰਨ ਸਮੇਂ ਜੋ N.G.O ਲੋਕਾਂ ਦੀ ਮਦਦ ਕਰਦੀਆਂ ਹਨ, ਦੇ ਵਾਹਨਾਂ ਨੂੰ ਟੋਲ ਟੈਕਸ ਤੋਂ ਛੋਟ ਦੇਣ ਤੇ ਵਿਚਾਰ ਕਰੇਗੀ?

**ਅਮਲੋਹ ਵਿਖੇ ਆਈ.ਟੀ.ਆਈ. ਖੋਲ੍ਹਣਾ**

***3147. ਸਰਦਾਰ ਰਣਦੀਪ ਸਿੰਘ,ਐਮ.ਐਲ.ਏ.**:- ਕੀ ਤਕਨੀਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਸਰਕਾਰ ਦੀ ਅਮਲੋਹ ਵਿੱਖੇ ਆਈ.ਟੀ.ਆਈ ਖੋਲ੍ਹਣ ਦੀ ਕੀ ਤਜਵੀਜ ਹੈ, ਜਿਸ ਬਾਰੇ ਸਾਲ 2019 ਵਿੱਚ ਐਲਾਨ ਕੀਤਾ ਗਿਆ ਸੀ;

ਅ) ਉਕਤ ਆਈ.ਟੀ.ਆਈ ਦੀ ਇਮਾਰਤ ਕਦੋਂ ਤੱਕ ਉਸਾਰ ਦਿੱਤੀ ਜਾਵੇਗੀ ਜਿਸ ਵਾਸਤੇ ਭਗਵਾਨਪੁਰਾ ਦੀ ਪੰਚਾਇਤ ਵਲੋਂ ਜ਼ਮੀਨ ਦਾ ਇੰਤਕਾਲ ਕੀਤਾ ਜਾ ਚੁੱਕਿਆ ਹੈ;

ੲ) ਉਪਰੋਕਤ ਇਮਾਰਤ ਵਾਸਤੇ ਸਰਕਾਰ ਦੁਆਰਾ ਕੀ ਉਪਬੰਧ ਕੀਤਾ ਗਿਆ/ਕੀਤਾ ਜਾਣਾ ਹੈ?

ਚੰਡੀਗੜ੍ਹ
ਮਿਤੀ 01 ਮਾਰਚ, 2021

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।